Roll No. ..................

Total No. of Questions : 9]

psebonline.com

**002/B**

[Total No. of Printed Pages : 3

SS

2037

ਸਲਾਨਾ ਪਰੀਖਿਆ ਪ੍ਰਨਾਲੀ

# GENERAL PUNJABI

**(Common for All Groups and Vocational Stream)**

**(Evening Session)**

Time allowed : Three hours

Maximum marks : 65

**ਨੋਟ** : *(i)* *ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ* **002/B** *ਜ਼ਰੂਰ ਦਰਜ ਕਰੋ ਜੀ ।*

*(ii)* *ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

psebonline.com

*(iii)* *ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।*

*(iv)* ***ਸਾਰੇ ਪ੍ਰਸ਼ਨ ਜ਼ਰੂਰੀ ਹਨ ।***

*(v)* *ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।*

**1.** ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਉ ।

(ੳ) ਭਾਰਤ ਅਤੇ ਪਾਕਿਸਤਾਨ ਦੀ ਵੰਡ ਕਦੋਂ ਹੋਈ ?

(ਅ) ਖ਼ਾਲੀ ਸਥਾਨ ਭਰੋ :

ਜਰਗ ਦਾ ਮੇਲਾ ..................... ਨੂੰ ਪਤਿਆਉਣ ਲਈ ਲੱਗਦਾ ਹੈ ।

(ੲ) ਕੁਸ਼ਤੀਆਂ ਪੁਰਾਤਨ ਸਮੇਂ ਤੋਂ ਹੀ ਪੰਜਾਬੀਆਂ ਲਈ ਖਿੱਚ ਭਰਪੂਰ ਰਹੀਆਂ ਹਨ । ਦੱਸੋ (ਹਾਂ/ਨਹੀਂ)

(ਸ) ਪੰਜਾਬ ਵਿੱਚ ਪੰਜ ਹਜ਼ਾਰ ਪੂਰਵ ਈਸਵੀ ਤੋਂ ਕਿਹੜੇ ਨਾਚ ਨੱਚਣ ਦੀ ਪਰੰਪਰਾ ਦੇ ਪ੍ਰਮਾਣ ਮਿਲਦੇ ਹਨ ?

(ਹ) ਪੈਸੇ ਮਿਲ਼ਨ 'ਤੇ ਨਕਲੀਏ ਨਕਲ ਨੂੰ ਰੋਕ ਕੇ ਉੱਚੀ ਹੇਕ ਵਿੱਚ ਕੀ ਕਰਦੇ ਹਨ ?

(ਕ) 'ਪੰਜਾਬੀ ਸੱਭਿਆਚਾਰਿਕ ਪਰਿਵਰਤਨ' ਪਾਠ ਦੇ ਆਧਾਰ 'ਤੇ ਦੱਸੋ ਕਿ ਪੰਜਾਬੀ ਸੱਭਿਆਚਾਰ ਦੇ ਮਰਦ ਪ੍ਰਧਾਨ ਸਮਾਜ ਵਿੱਚ ਔਰਤ ਨੂੰ ਕੀ ਸਮਝਿਆ ਜਾਂਦਾ ਸੀ ? 6

(ਖ) 'ਮੇਰਾ ਬਚਪਨ' ਕਵਿਤਾ ਕਿਸ ਕਵੀ ਦੀ ਰਚਨਾ ਹੈ ? 1

(ਗ) 'ਨੀਲੀ' ਕਹਾਣੀ ਦਾ ਮੁੱਖ ਪਾਤਰ ਕੌਣ ਹੈ ? 1

psebonline.com

(ਘ) ਹੇਠ ਲਿਖੀਆਂ ਅਖਾਉਤਾਂ ਪੂਰੀਆਂ ਕਰੋ :

(i) ਹਿੰਗ ਲੱਗੇ ਨਾ ਫਟਕੜੀ ..................... ।

(ii) ਵਿੱਦਿਆ ਵੀਚਾਰੀ ..................... । 2

6+1+1+2=10

**2.** ਹੇਠ ਲਿਖਿਆਂ ਵਿੱਚੋਂ ਕਿਸੇ **ਪੰਜ** ਪ੍ਰਸ਼ਨਾਂ ਦੇ ਉੱਤਰ ਲਿਖੋ : psebonline.com

(ੳ) ਸੱਭਿਆਚਾਰ ਅਤੇ ਉਪ-ਸੱਭਿਆਚਾਰ ਵਿੱਚ ਕੀ ਅੰਤਰ ਹੈ ?

(ਅ) ਮੇਲਿਆਂ ਦਾ ਕਿਸੇ ਜਾਤੀ ਲਈ ਕੀ ਮਹੱਤਵ ਹੁੰਦਾ ਹੈ ?

(ੲ) ਪੰਜਾਬ ਵਿੱਚ ਵਿਆਹ ਦੇ ਰਸਮ ਰਿਵਾਜ ਕਿਹੜੇ-ਕਿਹੜੇ ਸਨ ? ਹੁਣ ਇਹਨਾਂ ਵਿੱਚ ਕੀ ਤਬਦੀਲੀ ਆ ਰਹੀ ਹੈ ?

(ਸ) ਲੋਕ-ਖੇਡਾਂ ਮਨੁੱਖ ਨੂੰ ਕਿਹੜੀਆਂ-ਕਿਹੜੀਆਂ ਭਾਵਨਾਵਾਂ ਪ੍ਰਦਾਨ ਕਰਦੀਆਂ ਹਨ ? ਵਿਸਥਾਰ ਸਹਿਤ ਲਿਖੋ ।

(ਹ) ਲੋਕ-ਕਿੱਤੇ ਦੀ ਵਿਸ਼ੇਸ਼ਤਾ ਕੀ ਹੈ ? ਉਦਾਹਰਨਾਂ ਸਹਿਤ ਦੱਸੋ ।

(ਕ) ਹੇਠ ਲਿਖਿਆਂ ਵਿੱਚੋਂ ਕਿਸੇ ਚਾਰ 'ਤੇ ਸੰਖੇਪ ਨੋਟ ਲਿਖੋ : ਗਿੱਧਾ, ਭੰਗੜਾ, ਸੰਮੀ, ਝੂੰਮਰ, ਕਿੱਕਲੀ ।

(ਖ) ਪੇਸ਼ਕਾਰੀ ਦੇ ਪੱਖ ਤੋਂ ਨਕਲਾਂ ਦੀਆਂ ਕਿਹੜੀਆਂ-ਕਿਹੜੀਆਂ ਕਿਸਮਾਂ ਹਨ ?

(ਗ) ਸਾਨੂੰ ਨਵੀਆਂ ਪ੍ਰਸਥਿਤੀਆਂ ਅਨੁਸਾਰ ਨਵੇਂ ਸੱਭਿਆਚਾਰਿਕ ਮਾਪ-ਦੰਡ ਸਿਰਜਣ ਦੀ ਲੋੜ ਕਿਉਂ ਹੈ ?

psebonline.com 4×5=20

**3.** ਮੈਸਰਜ਼ ਗਰਗ ਫੋਟੋਸਟੇਟ ਹਾਊਸ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਮੈਸਰਜ਼ ਮਾਡਰਨ ਇੰਜੀਨੀਅਰਜ਼ ਤਕਨਾਲੋਜੀ, ਲੁਧਿਆਣਾ ਨੂੰ ਇੱਕ ਫੋਟੋਸਟੇਟ ਮਸ਼ੀਨ ਦਾ ਆਰਡਰ ਦਿੱਤਾ ਸੀ । ਮਸ਼ੀਨ ਮਿਲਣ ਤੇ ਪਤਾ ਲੱਗਾ ਕਿ ਮਸ਼ੀਨ ਠੀਕ ਨਹੀਂ, ਫੋਟੋਸਟੇਟ ਕਾਪੀ ਸਾਫ਼ ਨਹੀਂ ਕੱਢਦੀ । ਇਸ ਮਸ਼ੀਨ ਨੂੰ ਠੀਕ ਕਰਵਾਉਣ ਬਾਰੇ ਪੱਤਰ ਲਿਖੋ ।

ਜਾਂ

ਤੁਹਾਡਾ ਕਾਰੋਬਾਰ ਸ਼ੇਅਰ ਬਜ਼ਾਰ ਨਾਲ ਜੁੜਿਆ ਹੋਇਆ ਹੈ ਅਤੇ ਕਾਰੋਬਾਰ ਲਈ ਤੁਹਾਨੂੰ ਰੋਜ਼ਾਨਾ ਮੋਬਾਈਲ ਦੀ ਵਰਤੋਂ ਕਰਨੀ ਪੈ ਰਹੀ ਹੈ । ਪਰ ਤੁਸੀਂ ਭਾਰਤ ਸੰਚਾਰ ਨਿਗਮ ਲਿਮਟਿਡ ਦੀ ਨੈੱਟਵਰਕ ਸੇਵਾ ਕਰਕੇ ਦਿੱਕਤ ਮਹਿਸੂਸ ਕਰ ਰਹੇ ਹੋ । ਹਾਲਾਤ ਤੋਂ ਜਾਣੂ ਕਰਵਾਉਂਦੇ ਹੋਏ ਆਪਣੇ ਇਲਾਕੇ ਦੇ ਸੰਬੰਧਿਤ ਅਧਿਕਾਰੀ ਨੂੰ ਪੱਤਰ ਲਿਖ ਕੇ ਇਸ ਪਾਸੇ ਸੁਧਾਰ ਕਰਨ ਲਈ ਆਖੋ । 2+3+1=6

**4.** ਹੇਠ ਲਿਖੇ ਪੈਰੇ ਦੀ ਸੰਖੇਪ ਰਚਨਾ ਕਰੋ ਅਤੇ ਢੁੱਕਵਾਂ ਸਿਰਲੇਖ ਵੀ ਲਿਖੋ :

ਬਹੁਤ ਸਦਗੁਣੀ ਮਨੁੱਖ ਨੂੰ ਤਰੱਕੀ ਕਰਦਾ ਦੇਖ ਕੇ ਲੋਕ ਘੱਟ ਈਰਖਾ ਕਰਦੇ ਹਨ ਕਿਉਂਕਿ ਉਹ ਆਪਣੇ ਮਨ ਵਿੱਚ ਇਹ ਸਮਝਦੇ ਹਨ ਕਿ ਇਹ ਆਦਮੀ ਇਸ ਆਦਰ ਦਾ ਪਾਤਰ ਹੈ । ਕਰਜ਼ ਦੇਣ ਨਾਲ਼ ਕੋਈ ਕਿਸੇ ਦੀ ਨਿੰਦਿਆ ਨਹੀਂ ਕਰਦਾ, ਪਰ ਉਦਾਰਤਾ ਨਾਲ਼ ਕਿਸੇ ਨੂੰ ਕੁਝ ਦਿੰਦਾ ਵੇਖ ਕੇ ਮਨੁੱਖ ਈਰਖਾ ਕਰਨ ਲੱਗਦੇ ਹਨ । ਜਿਨ੍ਹਾਂ ਮਨੁੱਖਾਂ ਦੀ ਆਪਸ ਵਿੱਚ ਬਰਾਬਰੀ ਨਹੀਂ ਹੋ ਸਕਦੀ, ਉਹਨਾਂ ਵਿੱਚ ਈਰਖਾ ਵੀ ਕਦੇ ਨਹੀਂ ਜਾਗਦੀ । ਇਸੇ ਕਰਕੇ ਰਾਜਿਆਂ ਦੀ ਈਰਖਾ ਰਾਜੇ ਹੀ ਕਰਦੇ ਹਨ ਹੋਰ ਨਹੀਂ । ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਜਦ ਯੋਗਤਾ ਰਹਿਤ ਮਨੁੱਖਾਂ ਦੀ ਤਰੱਕੀ ਹੋ ਜਾਂਦੀ ਹੈ ਤਦ ਉਹ ਬਹੁਤ ਭਾਰੀ ਨਿੰਦਿਆ ਦੇ ਪਾਤਰ ਬਣ ਜਾਂਦੇ ਹਨ, ਪਰ ਕੁਝ ਸਮੇਂ ਪਿੱਛੋਂ ਲੋਕ ਉਹਨਾਂ ਨੂੰ ਈਰਖਾ ਦੀ ਨਜ਼ਰ ਨਾਲ਼ ਦੇਖਣਾ ਬੰਦ ਕਰ ਦਿੰਦੇ ਹਨ । ਉਹਨਾਂ ਦੀ ਬਾਬਤ ਉਸ ਵੇਲ਼ੇ ਸਭ ਨਾਲੋਂ ਵੱਧ ਨਿੰਦਿਆ ਹੁੰਦੀ ਹੈ ਜਦੋਂ ਲੋਕ ਉਹਨਾਂ ਨੂੰ ਬਹੁਤ ਸਮੇਂ ਤੱਕ ਆਪਣੀ ਸੰਪਤੀ ਭੋਗਦਾ ਹੋਇਆ ਦੇਖਦੇ ਹਨ । ਜਿਹੜੇ ਲੋਕ ਲੰਮੇ-ਲੰਮੇ ਸਫ਼ਰ ਕਰਕੇ ਅਤੇ ਕਈ ਦੁੱਖ ਅਤੇ ਸੰਕਟ ਭੋਗ ਕੇ ਉੱਨਤੀ ਕਰਦੇ ਹਨ, ਉਹਨਾਂ ਨਾਲ਼ ਵੀ ਈਰਖਾ ਬਹੁਤ ਘੱਟ ਹੁੰਦੀ ਹੈ । ਮਨੁੱਖ ਸਮਝਦੇ ਹਨ ਕਿ ਇੱਜ਼ਤ ਪਾਉਣ ਲਈ ਉਹਨਾਂ ਲੋਕਾਂ ਨੂੰ ਅਨੇਕਾਂ ਕਸ਼ਟ ਸਹਾਰਨੇ ਪਏ ਹਨ । ਇਸ ਲਈ ਮਨੁੱਖਾਂ ਨੂੰ ਉਹਨਾਂ ਉੱਤੇ ਦਇਆ ਆਉਂਦੀ ਹੈ । ਈਰਖਾ ਰੂਪੀ ਰੋਗ ਦੀ ਦਇਆ ਰੂਪੀ ਇੱਕ ਭਾਰੀ ਦਵਾਈ ਹੈ । 1+3=4

psebonline.com

5. ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ **ਇੱਕ** ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ :

| | | |
|---|---|---|
| ਚਿੜਚਿੜਾ | | ਮਹਿਕਮਾ |
| ਝੀਕਣਾ | | ਪਰਸ਼ਾਦਾ |
| ਜਹਾਜ਼ | ਜਾਂ | ਤਿਲੰਗ |
| ਛੰਨਾ | | ਬਚੂੰਗੜਾ |
| ਜੀਵਨ | | ਵਿਧਾਤਾ |
| ਛੱਲੀ | | ਪਛਤਾਵਾ |

psebonline.com

3

6. ਹੇਠ ਲਿਖੇ ਵਾਕਾਂ ਵਿੱਚੋਂ ਕਿਸੇ **ਤਿੰਨ** ਵਾਕਾਂ ਦਾ ਬ੍ਰੈਕਟ ਵਿਚ ਦਿੱਤੇ ਨਿਰਦੇਸ਼ ਅਨੁਸਾਰ ਵਾਕ-ਵਟਾਂਦਰਾ ਕਰੋ :

(ੳ) ਜਦ ਬਿਪਤਾ ਪਏ ਤਦ ਧੀਰਜ ਰੱਖੋ । (ਸਧਾਰਣ ਵਾਕ)

(ਅ) ਬਿਮਾਰ ਹੋਣ ਕਾਰਨ ਉਹ ਤੁਹਾਡਾ ਕੰਮ ਨਹੀਂ ਕਰ ਸਕਦਾ । (ਮਿਸ਼ਰਤ ਵਾਕ)

(ੲ) ਤੁਹਾਡੀ ਸਿਆਣਪ ਨੂੰ ਸਭ ਜਾਣਦੇ ਹਨ । (ਪ੍ਰਸ਼ਨ-ਵਾਚਕ ਵਾਕ)

(ਸ) ਮੇਰੀ ਇੱਛਾ ਹੈ ਕਿ ਮੈਂ ਡਾਕਟਰ ਹੁੰਦਾ । (ਵਿਸਮੈ-ਵਾਚਕ ਵਾਕ)

(ਹ) ਮਾਲੀ ਨੇ ਬੂਟਿਆਂ ਨੂੰ ਪਾਣੀ ਦਿੱਤਾ । psebonline.com (ਕਰਮਣੀ-ਵਾਚ) 3

7. ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ **ਚਾਰ** ਨੂੰ ਵਾਕਾਂ ਵਿੱਚ ਵਰਤੋ ਜਾਂ ਉਹਨਾਂ ਦੀਆਂ ਵਰਤੋਂ ਦੀਆਂ ਸਥਿਤੀਆਂ ਦੱਸੋ:

(ੳ) ਆਪੇ ਫਾਥੜੀਏ ਤੈਨੂੰ ਕੌਣ ਛੁਡਾਏ ।

(ਅ) ਇੱਕ ਦਰ ਬੰਦ ਸੌ ਦਰ ਖੁੱਲ੍ਹਾ ।

(ੲ) ਹੱਥ ਨੂੰ ਹੱਥ ਧੋਂਦਾ ਹੈ ।

(ਸ) ਬਹਿ ਕੇ ਖਾਧਿਆਂ ਤਾਂ ਖੂਹ ਵੀ ਨਿਖੁੱਟ ਜਾਂਦੇ ਹਨ ।

(ਹ) ਬੇਗਾਨਾ ਮਹਿਲ ਵੇਖ ਕੇ ਆਪਣੀ ਕੁੱਲੀ ਨਹੀਂ ਢਾਹੀਦੀ ।

(ਕ) ਭੱਜਦਿਆਂ ਨੂੰ ਵਾਹਣ ਇੱਕੋ-ਜਿਹੇ ।

(ਖ) ਸਾਰਾ ਜਾਂਦਾ ਵੇਖੀਏ ਅੱਧਾ ਦੇਈਏ ਵੰਡ । 2×4=8

8. ਕਿਸੇ **ਇੱਕ** ਕਵਿਤਾ ਦਾ ਕੇਂਦਰੀ-ਭਾਵ ਲਿਖੋ :

(ੳ) ਪੁਰਾਣੇ ਪੰਜਾਬ ਨੂੰ ਅਵਾਜ਼ਾਂ (ਪ੍ਰੋ: ਪੂਰਨ ਸਿੰਘ)

(ਅ) ਵਾਰਸ ਸ਼ਾਹ (ਅੰਮ੍ਰਿਤਾ ਪ੍ਰੀਤਮ)

(ੲ) ਚੁੰਮ-ਚੁੰਮ ਰੱਖੋ (ਨੰਦ ਲਾਲ ਨੂਰਪੁਰੀ) 4

9. ਕਿਸੇ **ਇੱਕ** ਕਹਾਣੀ ਦਾ ਸਾਰ ਲਿਖੋ :

(ੳ) ਆਪਣਾ ਦੇਸ (ਸੰਤੋਖ ਸਿੰਘ ਧੀਰ)

(ਅ) ਸਤੀਆ ਸੇਈ (ਦਲੀਪ ਕੌਰ ਟਿਵਾਣਾ) 7

psebonline.com